ਰਾਗੁ ਮਲਾਰ ਮਹਲਾ ੫ ਚਉਪਦੇ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਕਿਆ ਤੂ ਸੋਚਹਿ ਕਿਆ ਤੂ ਚਿਤਵਹਿ ਕਿਆ ਤੂੰ ਕਰਹਿ ਉਪਾਏ ॥ ਤਾ ਕਉ ਕਹਹੁ ਪਰਵਾਹ ਕਾਹੂ ਕੀ ਜਿਹ ਗੋਪਾਲ ਸਹਾਏ ॥੧ ॥ ਬਰਸੈ ਮੇਘੁ ਸਖੀ ਘਰਿ ਪਾਹੁਨ ਆਏ ॥ ਮੋਹਿ ਦੀਨ ਕ੍ਰਿਪਾ ਨਿਧਿ ਠਾਕੁਰ ਨਵ ਨਿਧਿ ਨਾਮਿ ਸਮਾਏ ॥੧ ॥ ਰਹਾਉ ॥ ਅਨਿਕ ਪ੍ਰਕਾਰ ਭੋਜਨ ਬਹੁ ਕੀਏ ਬਹੁ ਬਿੰਜਨ ਮਿਸਟਾਏ ॥ ਕਰੀ ਪਾਕਸਾਲ ਸੋਚ ਪਵਿਤ੍ਰਾ ਹੁਣਿ ਲਾਵਹੁ ਭੋਗੁ ਹਰਿ ਰਾਏ ॥੨॥ ਦੁਸਟ ਬਿਦਾਰੇ ਸਾਜਨ ਰਹਸੇ ਇਹਿ ਮੰਦਿਰ ਘਰ ਅਪਨਾਏ ॥ ਜਉ ਗ੍ਰਿਹਿ ਲਾਲੁ ਰੰਗੀਓ ਆਇਆ ਤਉ ਮੈ ਸਭਿ ਸੁਖ ਪਾਏ ॥੩॥ ਸੰਤ ਸਭਾ ਓਟ ਗੁਰ ਪੂਰੇ ਧੁਰਿ ਮਸਤਕਿ ਲੇਖੁ ਲਿਖਾਏ ॥ ਜਨ ਨਾਨਕ ਕੰਤੁ ਰੰਗੀਲਾ ਪਾਇਆ ਫਿਰਿ ਦੂਖੁ ਨ ਲਾਗੈ ਆਏ ॥੪॥੧॥ {ਪੰਨਾ 1266}

ਪਦ ਅਰਥ:- ਉਪਾਏ—ਅਨੇਕਾਂ ਉਪਾਵ (ਬਹੁ-ਵਚਨ)। ਕਉ—ਨੂੰ। ਤਾ ਕਉ—ਉਸ (ਮਨੁੱਖ) ਨੂੰ। ਸਹਾਏ—ਸਹਾਈ।1।

ਮੇਘੁ—ਬੱਦਲ। ਸਖੀ—ਹੇ ਸਖੀ! ਹੇ ਸਹੇਲੀ! ਘਰਿ—(ਮੇਰੇ ਹਿਰਦੇ-) ਘਰ ਵਿਚ। ਪਾਹੁਨ—(ਆਦਰ ਵਾਸਤੇ ਬਹੁ-ਵਚਨ) ਪ੍ਰਾਹੁਣਾ, ਨੀਂਗਰ, ਲਾੜਾ, ਪ੍ਰਭੂ-ਪਤੀ। ਮੋਹਿ ਦੀਨ —ਮੈਨੂੰ ਗਰੀਬ ਨੂੰ। ਕ੍ਰਿਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਠਾਕੁਰ—ਹੇ ਮਾਲਕ! ਨਵਨਿਧਿ ਨਾਮਿ—ਨਾਮ ਵਿਚ ਜੋ (ਮਾਨੋ) ਨੌ ਹੀ ਖ਼ਜ਼ਾਨੇ ਹੈ। ਸਮਾਏ—ਸਮਾਇ, ਲੀਨ ਕਰ।1। ਰਹਾਉ।

ਅਨਿਕ ਪ੍ਰਕਾਰ—ਕਈ ਕਿਸਮਾਂ ਦੇ। ਕੀਏ —ਤਿਆਰ ਕੀਤੇ। ਮਿਸਟ —ਮਿੱਠੇ। ਬਿੰਜਨ ਮਿਸਟਾਏ — ਮਿੱਠੇ ਸੁਆਦਲੇ ਭੋਜਨ। ਕੀਏ—(ਇਸਤ੍ਰੀ ਨੇ) ਤਿਆਰ ਕੀਤੇ। ਕਰੀ—ਤਿਆਰ ਕੀਤੀ। ਪਾਕਸਾਲ— ਰਸੋਈ, (ਹਿਰਦਾ-) ਰਸੋਈ। ਸੋਚ —ਸੁੱਚ (ਨਾਲ)। ਲਾਵਹੁ ਭੋਗ —ਖਾਵੋ, ਪਹਿਲਾਂ ਤੁਸੀ ਖਾਵੋ , ਪਰਵਾਨ ਕਰੋ। ਹਰਿ ਰਾਇ—ਹੇ ਪ੍ਰਭੂ-ਪਾਤਿਸ਼ਾਹ!।2।

ਬਿਦਾਰੇ—ਨਾਸ ਕਰ ਦਿੱਤੇ। ਰਹਸੇ —ਖ਼ੁਸ਼ ਹੋਏ। ਅਪਨਾਏ—ਆਪਣੇ ਬਣਾ ਲਏ, ਅਪਣੱਪ ਵਿਖਾਈ। ਗ੍ਰਿਹਿ—(ਹਿਰਦੇ-) ਘਰ ਵਿਚ। ਰੰਗੀਓ —ਰੰਗੀਲਾ, ਸੁਹਣਾ। ਸਭਿ—ਸਾਰੇ। ਇਹਿ—(ਲਫ਼ਜ਼ 'ਇਹ' ਤੋਂ ਬਹੁ-ਵਚਨ)।3।

ਅਰਥ:- ਹੇ ਸਹੇਲੀ ! (ਮੇਰੇ ਹਿਰਦੇ-) ਘਰ ਵਿਚ ਪ੍ਰਭੂ -ਪਤੀ ਜੀ ਟਿਕੇ ਹਨ (ਮੇਰੇ ਅੰਦਰੋਂ ਤਪਸ਼ ਮਿੱਟ ਗਈ ਹੈ, ਇਉਂ ਜਾਪਦਾ ਹੈ ਜਿਵੇਂ ਮੇਰੇ ਅੰਦਰ ਉਸ ਦੀ ਮਿਹਰ ਦਾ ) ਬੱਦਲ ਵੱਸ ਰਿਹਾ ਹੈ। ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ ! ਹੇ ਮਾਲਕ -ਪ੍ਰਭੂ! ਮੈਨੂੰ ਕੰਗਾਲ ਨੂੰ ਆਪਣੇ ਨਾਮ ਵਿਚ ਲੀਨ ਕਰੀ ਰੱਖ

(ਇਹ ਨਾਮ ਹੀ ਮੇਰੇ ਵਾਸਤੇ) ਨੌ ਖ਼ਜ਼ਾਨੇ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਦੀ ਸਰਨ ਛੱਡ ਕੇ) ਤੂੰ ਹੋਰ ਕੀਹ ਸੋਚਾਂ ਸੋਚਦਾਂ ਹੈਂ ? ਤੂੰ ਹੋਰ ਕੀਹ ਉਪਾਵ ਚਿਤਵਦਾ ਹੈਂ? ਤੂੰ ਹੋਰ ਕਿਹੜੇ ਹੀਲੇ ਕਰਦਾ ਹੈਂ ? (ਵੇਖ,) ਜਿਸ (ਮਨੁੱਖ) ਦਾ ਸਹਾਈ ਪਰਮਾਤਮਾ ਆਪ ਬਣਦਾ ਹੈ ਉਸ ਨੂੰ, ਦੱਸ, ਕਿਸ ਦੀ ਪਰਵਾਹ ਰਹਿ ਜਾਂਦੀ ਹੈ?।1।

ਜਿਵੇਂ ਕੋਈ ਇਸਤ੍ਰੀ ਆਪਣੇ ਪਤੀ ਵਾਸਤੇ ਅਨੇਕਾਂ ਕਿਸਮਾਂ ਦੇ ਮਿੱਠੇ ਸੁਆਦਲੇ ਖਾਣੇ ਤਿਆਰ ਕਰਦੀ ਹੈ, ਬੜੀ ਸੁੱਚ ਨਾਲ ਰਸੋਈ ਸੁਥਰੀ ਬਣਾਂਦੀ ਹੈ , ਹੇ ਮੇਰੇ ਪ੍ਰਭੂ -ਪਾਤਿਸ਼ਾਹ! (ਤੇਰੇ ਪਿਆਰ ਵਿਚ ਮੈਂ ਆਪਣੇ ਹਿਰਦੇ ਦੀ ਰਸੋਈ ਨੂੰ ਤਿਆਰ ਕੀਤਾ ਹੈ, ਮਿਹਰ ਕਰ, ਤੇ ਇਸ ਨੂੰ) ਹੁਣ ਪਰਵਾਨ ਕਰ।2।

ਹੇ ਸਖੀ! ਇਹਨਾਂ (ਸਰੀਰ) ਘਰਾਂ-ਮੰਦਰਾਂ ਨੂੰ (ਜਦੋਂ ਪ੍ਰਭੂ-ਪਤੀ) ਅਪਣਾਂਦਾ ਹੈ (ਇਹਨਾਂ ਵਿਚ ਆਪਣਾ ਪਰਕਾਸ਼ ਕਰਦਾ ਹੈ, ਤਦੋਂ ਇਹਨਾਂ ਵਿਚੋਂ ਕਾਮਾਦਿਕ) ਦੁਸ਼ਟ ਨਾਸ ਹੋ ਜਾਂਦੇ ਹਨ (ਅਤੇ ਦੈਵੀ ਗੁਣ) ਸੱਜਣ ਪ੍ਰਫੁਲਤ ਹੋ ਜਾਂਦੇ ਹਨ। ਹੇ ਸਖੀ ! ਜਦੋਂ ਤੋਂ ਮੇਰੇ ਹਿਰਦੇ -ਘਰ ਵਿਚ ਸੋਹਣਾ ਲਾਲ (ਪ੍ਰਭੂ) ਆ ਵੱਸਿਆ ਹੈ, ਤਦੋਂ ਤੋਂ ਮੈਂ ਸਾਰੇ ਸੁਖ ਹਾਸਲ ਕਰ ਲਏ ਹਨ।3।

ਹੇ ਦਾਸ ਨਾਨਕ! ਧੁਰ ਦਰਗਾਹ ਤੋਂ ਜਿਸ ਜੀਵ ਦੇ ਮੱਥੇ ਉੱਤੇ ਸਾਧ ਸੰਗਤਿ ਵਿਚ ਪੂਰੇ ਗੁਰੂ ਦੀ ਓਟ ਦਾ ਲੇਖ ਲਿਖਿਆ ਹੁੰਦਾ ਹੈ, ਉਸ ਨੂੰ ਸੋਹਣਾ ਪ੍ਰਭੂ-ਪਤੀ ਮਿਲ ਪੈਂਦਾ ਹੈ, ਉਸ ਨੂੰ ਫਿਰ ਕੋਈ ਦੁੱਖ ਪੋਹ ਨਹੀਂ ਸਕਦਾ।4।1।